ਪੰਜਾਬ ਸਰਕਾਰ
ਸਿੱਖਿਆ ਵਿਭਾਗ
ਸਿੱਖਿਆ-6 ਸ਼ਾਖਾ

ਵੱਲ:

ਰਾਜ ਦੇ ਸਮੂਹ ਸਕੂਲ ਮੁਖੀ।

ਮੀਮੋ ਨੰ:1/9-2017 AD ਕੋ (S.S.E)
ਮਿਤੀ,ਐਸ.ਏ.ਐਸ.ਨਗਰ:09.10.17

ਵਿਸ਼ਾ:- ਸਕੂਲ ਪ੍ਰਬੰਧ ਨੂੰ ਬੇਹਤਰ ਬਣਾਉਣ ਲਈ ਕੰਪਿਊਟਰ ਅਧਿਆਪਕਾਂ ਦੀਆਂ ਡਿਊਟੀਆਂ ਸਬੰਧੀ।

ਵਿਦਿਆਰਥੀਆਂ ਨੂੰ ਤਕਨੀਕੀ ਸਿੱਖਿਆ ਨਾਲ ਜੋੜਨਾ ਅਤੇ ਵੱਖ-ਵੱਖ ਵਿਸ਼ਿਆਂ ਦੇ ਪਾਠਕ੍ਰਮ ਨੂੰ ਆਈ.ਸੀ.ਟੀ. ਤਕਨੀਕ ਰਾਹੀਂ ਪੜ੍ਹਾਉਣਾ ਅੱਜ ਦੇ ਸਮੇਂ ਦੀ ਮੁੱਖ ਲੋੜ ਹੈ, ਜਿਸਨੂੰ ਮੁੱਖ ਰੱਖਦੇ ਹੋਏ ਸਿੱਖਿਆ ਵਿਭਾਗ ਵੱਲੋਂ ਸਰਕਾਰੀ ਸਕੂਲਾਂ ਵਿੱਚ ਕੰਪਿਊਟਰ ਸਿੱਖਿਆ ਸ਼ੁਰੂ ਕੀਤੀ ਗਈ ਹੈ। ਇਸ ਵਿਸ਼ੇ ਨੂੰ ਹੋਰ ਬੇਹਤਰ ਅਤੇ ਸੁਚੱਜੇ ਢੰਗ ਨਾਲ ਪੜ੍ਹਾਉਣ ਲਈ ਸਕੂਲਾਂ ਵਿੱਚ ਕੰਪਿਊਟਰ ਅਧਿਆਪਕ ਵੀ ਰੱਖੇ ਹੋਏ ਹਨ ਜੋ ਕਿ ਅਧਿਆਪਨ ਕੰਮ ਦੇ ਨਾਲ-ਨਾਲ ਬਾਕੀ ਅਧਿਆਪਕਾਂ ਵਾਂਗ ਹੀ ਸਕੂਲ ਪ੍ਰਬੰਧ ਨੂੰ ਬੇਹਤਰ ਬਣਾਉਣ ਲਈ ਆਪਣਾ ਯੋਗਦਾਨ ਪਾਉਂਦੇ ਹਨ। ਇਸ ਸਬੰਧੀ ਇਸ ਦਫਤਰ ਦੇ ਪੱਤਰ ਨੰ: AD(ਕੋ)SSE/2017(12) ਮਿਤੀ, ਐਸ.ਏ.ਐਸ.ਨਗਰ/18-08-2017 ਰਾਹੀਂ ਸਕੂਲ ਪ੍ਰਬੰਧ ਨੂੰ ਬੇਹਤਰ ਬਣਾਉਣ ਲਈ ਵਿਭਾਗ ਵੱਲੋਂ ਹਦਾਇਤਾਂ ਜਾਰੀ ਕੀਤੀਆਂ ਜਾ ਚੁੱਕੀਆਂ ਹਨ। ਪ੍ਰੰਤੂ ਵੱਖ-ਵੱਖ ਅਧਿਆਪਕ ਜੱਥੇਬੰਦੀਆਂ ਵੱਲੋਂ ਦਫਤਰ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਸਕੂਲਾਂ ਵਿੱਚ ਕੰਪਿਊਟਰ ਅਧਿਆਪਕ ਜਮਾਤਾਂ ਦੇ ਇੰਚਾਰਜ ਬਣਨ ਤੋਂ ਗੁਰੇਜ ਕਰਦੇ ਹਨ ਅਤੇ ਹੋਰ ਵਿਸ਼ਿਆਂ ਦੇ ਅਧਿਆਪਕਾਂ ਨੂੰ ਕੰਪਿਊਟਰ ਲੈਬ/ਈ-ਲੈਬ ਦੀ ਵਰਤੋਂ ਨਹੀਂ ਕਰਨ ਦਿੰਦੇ।

ਉਕਤ ਦੇ ਸਨਮੁੱਖ ਹਦਾਇਤ ਕੀਤੀ ਜਾਂਦੀ ਹੈ ਕਿ:-

- ਸਕੂਲਾਂ ਵਿੱਚ ਬਾਕੀ ਅਧਿਆਪਕਾਂ ਦੀ ਤਰਜ 'ਤੇ ਕੰਪਿਊਟਰ ਅਧਿਆਪਕ ਵੀ ਜਮਾਤਾਂ ਦੇ ਇੰਚਾਰਜ ਹੋਣਗੇ ਅਤੇ ਸਕੂਲ ਦੇ ਸੁਚਾਰੂ ਸੰਚਾਲਨ ਲਈ ਵੱਖ-ਵੱਖ ਜ਼ਿੰਮੇਵਾਰੀਆਂ ਵਿੱਚ ਆਪਣਾ ਪੂਰਨ ਸਹਿਯੋਗ ਦੇਣਗੇ।
- ਵੱਖ-ਵੱਖ ਵਿਸ਼ਿਆਂ ਦੇ ਪਾਠਕ੍ਰਮ ਨੂੰ ਆਈ.ਸੀ.ਟੀ. ਤਕਨੀਕ ਰਾਹੀਂ ਪੜ੍ਹਾਉਣ ਲਈ ਸਿੱਖਿਆ ਵਿਭਾਗ ਵੱਲੋਂ ਸਮੇਂ-ਸਮੇਂ 'ਤੇ ਸਕੂਲਾਂ ਵਿੱਚ ਕੰਮ ਕਰਦੇ ਬਾਕੀ ਅਧਿਆਪਕਾਂ ਨੂੰ ਟ੍ਰੇਨਿੰਗ ਦਿੱਤੀ ਜਾਂਦੀ ਹੈ। ਇਸ ਲਈ ਅਜਿਹੀਆਂ ਗਤੀਵਿਧੀਆਂ ਦੀ ਸਿੱਖਣ-ਸਿਖਾਉਣ ਦੀ ਪ੍ਰਕਿਰਿਆ ਵਿੱਚ ਵਾਧਾ ਕਰਨ ਲਈ ਸਾਰੇ ਵਿਸ਼ਿਆਂ ਦੇ ਅਧਿਆਪਕਾਂ ਵੱਲੋਂ ਕੰਪਿਊਟਰ ਲੈਬ/ਈ-ਲੈਬ ਦੀ ਵਰਤੋਂ ਕੀਤੀ ਜਾਵੇ।
- ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਸਕੱਤਰ,
ਸਕੂਲ ਸਿੱਖਿਆ,ਪੰਜਾਬ।

ਪਿੱਠਅੰਕਣ ਨੰ: ਉਕਤ ਮਿਤੀ:

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ।
2. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ।
3. ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿ.) ਪੰਜਾਬ।
4. ਡਾਇਰੈਕਟਰ ਐਸ.ਸੀ.ਈ.ਆਰ.ਟੀ. ਪੰਜਾਬ।
5. ਸਮੂਹ ਮੰਡਲ ਸਿੱਖਿਆ ਅਫ਼ਸਰ, ਪੰਜਾਬ।
6. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ(ਸੈ.ਸਿ.) ਪੰਜਾਬ।
7. ਸਮੂਹ ਜ਼ਿਲ੍ਹਾ ਸਿੱਖਿਆ ਸੁਧਾਰ ਕਮੇਟੀਆਂ, ਪੰਜਾਬ।

ਸਕੱਤਰ,
ਸਕੂਲ ਸਿੱਖਿਆ,ਪੰਜਾਬ।